**Vigilance Bureau Punjab**

# VIGILANCE NABS ASSISTANT LINEMAN TAKING BRIBE

Chandigarh, August 9: State Vigilance Bureau today nabbed an assistant lineman of PSPCL red handed taking bribe of Rs. 12000/-.

Disclosing this here an official spokesperson of the Vigilance Bureau said Sarup Singh assistant lineman posted at PSPCL office Sabhran in Tarn Taran district was nabbed on the complaint of Amarjit Singh of village Sabhran in Tarn Taran. The complainant has approached the VB and alleged that the above named lineman was demanding Rs. 12000/- to install a new tubewell connection on his agriculture land.

After verifying his information, the Vigilance team laid a trap and the lineman was nabbed on the spot while accepting bribe of Rs.12,000 from the complainant in the presence of two official witnesses.

He informed that the case under Prevention of Corruption Act has been registered against the accused at VB police station Amritsar and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ ਸਹਾਇਕ ਲਾਈਨਮੈਨ 12000/- ਰੁਪਏ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 9 ਅਗਸਤ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਕਸਬਾ ਸਭਰਾਂ ਸਥਿਤ ਪਾਵਰਕਾਮ ਦੇ ਦਫਤਰ, ਤਰਨਤਾਰਨ ਵਿਖੇ ਤਾਇਨਾਤ ਸਹਾਇਕ ਲਾਈਨਮੈਨ ਸਰੂਪ ਸਿੰਘ ਨੂੰ 12000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਲਾਈਨਮੈਨ ਸਰੂਪ ਸਿੰਘ ਨੂੰ ਸ਼ਿਕਾਇਤਕਰਤਾ ਅਮਰਜੀਤ ਸਿੰਘ ਵਾਸੀ ਪਿੰਡ ਸਭਰਾਂ, ਤਰਨਤਾਰਨ ਦੀ ਸ਼ਿਕਾਇਤ ’ਤੇ 12000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਲਾਈਨਮੈਨ ਵਲੋਂ ਉਸ ਦੀ ਵਾਹੀਯੋਗ ਜਮੀਨ ’ਤੇ ਨਵਾਂ ਟਿਊਬਵੈਲ ਕੁਨੈਕਸ਼ਨ ਲਾਉਣ ਬਦਲੇ 12000 ਰੁਪਏ ਦੀ ਮੰਗ ਕੀਤੀ ਗਈ ਹੈ। ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਸਹਾਇਕ ਲਾਈਨਮੈਨ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 12,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੰਮ੍ਰਿਤਸਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।